**ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ**
**ਵਣ ਭਵਨ, ਸੈਕਟਰ-68, ਐਸ.ਏ.ਐਸ. ਨਗਰ (ਮੁਹਾਲੀ)**

# ਜਨਤਕ ਸੂਚਨਾ

ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ ਵੱਲੋਂ ਵੱਖ-ਵੱਖ ਇਸ਼ਤਿਹਾਰਾਂ ਰਾਹੀਂ ਚੋਣ ਕਾਨੂੰਗੋ, ਉਚ ਉਦਯੋਗਿਕ ਉਨਤੀ ਅਫਸਰ, ਬਲਾਕ ਪੱਧਰ ਪ੍ਰਸਾਰ ਅਫਸਰ, ਆਬਕਾਰੀ ਤੇ ਕਰ ਨਿਰੀਖਕ ਅਤੇ ਜੂਨੀਅਰ ਡਰਾਫਟਸਮੈਨ (ਸਿਵਲ, ਮਕੈਨੀਕਲ ਅਤੇ ਆਰਕੀਟੈਕਚਰਲ) ਦੀਆਂ ਖਾਲੀ ਅਸਾਮੀਆਂ ਨੂੰ ਸਿੱਧੀ ਭਰਤੀ ਰਾਹੀਂ ਭਰਨ ਸਬੰਧੀ ਯੋਗ ਉਮੀਦਵਾਰਾਂ ਤੋਂ ਬੋਰਡ ਦੀ ਵੈਬਸਾਈਟ **https://sssb.punjab.gov.in** ਤੇ ਆਨਲਾਈਨ ਅਰਜ਼ੀਆਂ ਦੀ ਮੰਗ ਕੀਤੀ ਗਈ ਸੀ। ਇਨ੍ਹਾਂ ਅਸਾਮੀਆਂ ਲਈ ਸਫਲਤਾਪੂਰਵਕ ਬਿਨੈ ਕਰਨ ਵਾਲੇ ਬਿਨੈਕਾਰਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਇਨ੍ਹਾਂ ਅਸਾਮੀਆਂ ਲਈ ਲਿਖਤੀ ਪ੍ਰੀਖਿਆ ਹੇਠ ਅਨੁਸਾਰ ਆਯੋਜਿਤ ਕਰਨ ਦੀ ਸੰਭਾਵਨਾ ਹੈ :-

| ਲੜੀ ਨੰ. | ਇਸ਼ਤਿਹਾਰ ਨੰ. | ਅਸਾਮੀ ਦਾ ਨਾਮ | ਲਿਖਤੀ ਪ੍ਰੀਖਿਆ ਆਯੋਜਿਤ ਕਰਨ ਦੀ ਸੰਭਾਵਨਾ |
|---|---|---|---|
| 1. | 10/2021 | ਚੋਣ ਕਾਨੂੰਗੋ | ਸਤੰਬਰ ਮਹੀਨੇ ਦੇ ਤੀਜੇ ਹਫਤੇ ਵਿੱਚ |
| 2. | 09/2021 | ਉਚ ਉਦਯੋਗਿਕ ਉਨਤੀ ਅਫਸਰ | ਸਤੰਬਰ ਮਹੀਨੇ ਦੇ ਚੌਥੇ ਹਫਤੇ ਵਿੱਚ |
| | | ਬਲਾਕ ਪੱਧਰ ਪ੍ਰਸਾਰ ਅਫਸਰ | |
| | | ਆਬਕਾਰੀ ਤੇ ਕਰ ਨਿਰੀਖਕ | |
| 3. | 12/2021 | ਜੂਨੀਅਰ ਡਰਾਫਟਸਮੈਨ (ਸਿਵਲ, ਮਕੈਨੀਕਲ ਅਤੇ ਆਰਕੀਟੈਕਚਰਲ) | |

2. ਕੋਵਿਡ-19 ਦੇ ਮੱਦੇਨਜ਼ਰ ਸਰਕਾਰ ਦੀਆਂ ਗਾਈਡਲਾਈਨਜ਼ ਦੇ ਸਨਮੁੱਖ, ਲਿਖਤੀ ਪ੍ਰੀਖਿਆਵਾਂ ਵਿੱਚ ਜੇਕਰ ਕੋਈ ਤਬਦੀਲੀ ਆਉਂਦੀ ਹੈ ਤਾਂ ਇਸ ਸਬੰਧੀ ਸੂਚਨਾ ਬਾਅਦ ਵਿੱਚ ਬੋਰਡ ਦੀ ਵੈਬਸਾਈਟ ਰਾਹੀਂ ਹੀ ਜਾਰੀ ਕੀਤੀ ਜਾਵੇਗੀ।

3. ਲਿਖਤੀ ਪ੍ਰੀਖਿਆ ਦੀ ਮਿਤੀ, ਪ੍ਰੀਖਿਆ ਕੇਂਦਰ, ਐਡਮਿਟ ਕਾਰਡ ਅਤੇ ਪ੍ਰੀਖਿਆ ਸਬੰਧੀ ਹੋਰ ਹਦਾਇਤਾਂ/ਜਾਣਕਾਰੀ ਬਾਅਦ ਵਿੱਚ ਕੇਵਲ ਬੋਰਡ ਦੀ ਵੈਬਸਾਈਟ **https://sssb.punjab.gov.in** ਤੇ ਹੀ ਉਪਲਬਧ ਕਰਵਾਈ ਜਾਵੇਗੀ। ਇਸ ਲਈ ਉਮੀਦਵਾਰਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਇਨ੍ਹਾਂ ਲਿਖਤੀ ਪ੍ਰੀਖਿਆਵਾਂ ਲਈ ਆਪਣੀ ਤਿਆਰੀ ਰੱਖਣ ਅਤੇ ਸਮੇਂ-ਸਮੇਂ ਬੋਰਡ ਦੀ ਵੈਬਸਾਈਟ ਨੂੰ ਚੈਕ ਕਰਦੇ ਰਹਿਣ।

ਸਕੱਤਰ
ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ

ਮਿਤੀ : 03.09.2021
ਸਥਾਨ : ਐਸ.ਏ.ਐਸ. ਨਗਰ